# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 14:30

**ਮਿਤੀ:25-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ, ਖਾਸਕਰ ਸਨਅਤਾਂ ਅਤੇ ਸਟਾਰਟਅੱਪ ਉੱਦਮਾਂ ਵਿੱਚ ਲੱਗੇ ਨੌਜਵਾਨਾਂ ਨੂੰ ਗੁਣਵੱਤਾ ਉੱਤੇ ਜ਼ੋਰ ਦੇਣ ਦੀ ਅਪੀਲ ਕੀਤੀ ਏ। ਆਕਾਸ਼ਵਾਣੀ ਰੇਡੀਓ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦਾ ਅਰਥਚਾਰਾ ਤੇਜ਼ੀ ਨਾਲ ਵਿਕਾਸ ਕਰ ਰਿਹਾ ਏ ਅਤੇ ਪੂਰੀ ਦੁਨੀਆ ਭਾਰਤ ਵੱਲ ਦੇਖ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ 10 ਸਾਲ ਪਹਿਲਾਂ, ਜਨਵਰੀ 2016 ਵਿੱਚ ਭਾਰਤ ਨੇ ਸਟਾਰਟਅੱਪ ਇੰਡੀਆ ਦੀ ਸ਼ੁਰੂਆਤ ਨਾਲ ਇਸ ਆਸਵੰਦ ਯਾਤਰਾ ਦੀ ਸ਼ੁਰੂਆਤ ਕੀਤੀ ਸੀ ਤੇ ਅੱਜ, ਭਾਰਤ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਏ। ਰਾਸ਼ਟਰੀ ਵੋਟਰ ਦਿਵਸ 'ਤੇ, ਸ਼੍ਰੀ ਮੋਦੀ ਨੇ ਨੌਜਵਾਨਾਂ ਨੂੰ 18 ਸਾਲ ਦੇ ਹੋਣ 'ਤੇ ਵੋਟਰ ਵਜੋਂ ਰਜਿਸਟਰ ਹੋਣ ਦੀ

ਅਪੀਲ ਕੀਤੀ। ਮਲੇਸ਼ੀਆ ਵਿੱਚ ਭਾਰਤੀ ਭਾਈਚਾਰੇ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ … BYTE:

ਭਲਕੇ ਦੇ ਗਣਤੰਤਰ ਦਿਵਸ ਸਮਾਰੋਹ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦਾ ਸੰਵਿਧਾਨ ਗਣਤੰਤਰ ਦਿਵਸ 'ਤੇ ਹੋਂਦ ਵਿੱਚ ਆਇਆ ਸੀ। ਇਹ ਦਿਨ ਸੰਵਿਧਾਨ ਬਣਾਉਣ ਵਾਲਿਆਂ ਪ੍ਰਤੀ ਧੰਨਵਾਦ ਪ੍ਰਗਟ ਕਰਨ ਦਾ ਮੌਕਾ ਪ੍ਰਦਾਨ ਕਰਦਾ ਏ।

---------------------------------------------------------------

ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਵੋਟਰ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਮਤਦਾਨ ਅਜਿਹਾ ਮਾਧਿਅਮ ਏ ਜਿਸ ਰਾਹੀਂ ਨਾਗਰਿਕ ਆਪਣੀਆਂ ਇੱਛਾਵਾਂ ਪ੍ਰਗਟ ਕਰਦੇ ਨੇ। ਆਪਣੇ ਸੰਬੋਧਨ ਵਿੱਚ, ਰਾਸ਼ਟਰਪਤੀ ਨੇ ਅੰਤਰਰਾਸ਼ਟਰੀ ਲੋਕਤੰਤਰ ਅਤੇ ਚੋਣ ਸਹਿਯੋਗ ਸੰਗਠਨ ਦੀ ਭਾਰਤ ਦੀ ਪ੍ਰਧਾਨਗੀ ਦਾ ਹਵਾਲਾ ਦਿੱਤਾ। ਰਾਸ਼ਟਰਪਤੀ ਨੇ ਹਾਲ ਹੀ ਵਿੱਚ ਸਮਾਪਤ ਹੋਈ ਇੰਡੀਆ ਇੰਟਰਨੈਸ਼ਨਲ ਕਾਨਫਰੰਸ ਆਨ ਡੈਮੋਕਰੇਸੀ ਐਂਡ ਇਲੈਕਸ਼ਨ ਮੈਨੇਜਮੈਂਟ ਵਿੱਚ 42 ਚੋਣ ਪ੍ਰਬੰਧ ਸੰਸਥਾਵਾਂ ਦੀ ਭਾਈਵਾਲੀ ਦਾ ਵੀ ਜ਼ਿਕਰ ਕੀਤਾ। ਇਸ

ਮੌਕੇ 'ਰਾਸ਼ਟਰਪਤੀ ਨੇ ਪਹਿਲੀ ਵਾਰ ਵੋਟਰ ਬਣਨ ਵਾਲੇ ਨੌਜਵਾਨ ਵੋਟਰਾਂ ਨੂੰ ਵੋਟਰ ਫੋਟੋ ਪਛਾਣ ਪੱਤਰ ਭੇਟ ਕੀਤੇ। **ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਵੀਜ਼ਨ** ਨੂੰ 2025 ਵਿੱਚ ਸਰਬੋਤਮ ਵੋਟਰ ਜਾਗਰੂਕਤਾ ਮੁਹਿੰਮ ਲਈ ਇਲੈਕਟ੍ਰਾਨਿਕ ਰੇਡੀਓ ਸ਼੍ਰੇਣੀ ਵਿੱਚ ਮੀਡੀਆ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਆਲ ਇੰਡੀਆ ਰੇਡੀਓ ਦੇ ਡਾਇਰੈਕਟਰ ਜਨਰਲ ਰਾਜੀਵ ਕੁਮਾਰ ਜੈਨ ਨੇ ਰਾਸ਼ਟਰਪਤੀ ਤੋਂ ਇਹ ਪੁਰਸਕਾਰ ਪ੍ਰਾਪਤ ਕੀਤਾ।

---------------------------------------------------

ਅੱਜ ਦੇਸ਼ ਭਰ ਵਿੱਚ 16ਵਾਂ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾ ਰਿਹਾ ਏ । ਇਸ ਸਾਲ ਦਾ ਥੀਮ "ਮੇਰਾ ਭਾਰਤ, ਮੇਰੀ ਵੋਟ" ਰੱਖਿਆ ਗਿਆ ਏ, ਜੋ ਕਿ ਭਾਰਤ ਦੇ ਲੋਕਤੰਤਰ ਵਿੱਚ ਨਾਗਰਿਕਾਂ ਦੀ ਕੇਂਦਰੀ ਭੂਮਿਕਾ ਨੂੰ ਉਜਾਗਰ ਕਰਦਾ ਏ । ਏਧਰ, ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੇ ਅਪੀਲ ਕੀਤੀ...

---------------------------------------------------

ਅੰਮ੍ਰਿਤਸਰ ਦੀ ਅਟਾਰੀ–ਵਾਘਾ ਅੰਤਰਰਾਸ਼ਟਰੀ ਸਰਹੱਦ ‘ਤੇ ‘ਫਿਟ ਇੰਡੀਆ ਸੰਡੇਜ਼ ਆਨ ਸਾਈਕਲ’ ਪ੍ਰੋਗਰਾਮ ਕੀਤਾ ਗਿਆ। ਗਣਤੰਤਰ ਦਿਵਸ ਦੀ ਪੂਰਬਲੀ ਸੰਧਿਆ ਅਤੇ ਰਾਸ਼ਟਰੀ ਵੋਟਰ ਦਿਵਸ ‘ਤੇ

ਕਰਵਾਏ ਗਏ ਇਸ ਸਮਾਗਮ ਨੇ ਫਿਟਨੈੱਸ, ਲੋਕਤੰਤਰ ਅਤੇ ਦੇਸ਼ ਭਗਤੀ ਦਾ ਮਜ਼ਬੂਤ ਸੁਨੇਹਾ ਦਿੱਤਾ। ਇਸ ਮੌਕੇ ਪੁੱਜੇ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਰਾਜ ਮੰਤਰੀ ਰਕਸ਼ਾ ਖਡਸੇ ਨੇ ਕਿਹਾ ਕਿ ਫਿਟ ਇੰਡੀਆ ਮੂਵਮੈਂਟ ਹੁਣ ਮਜ਼ਬੂਤ ਅੰਦੋਲਨ ਬਣ ਚੁੱਕੀ ਏ। ਪ੍ਰੋਗਰਾਮ ਦੌਰਾਨ ਪਹਿਲੀ ਵਾਰ ਵੋਟਰ ਬਣੇ ਨੌਜਵਾਨਾਂ ਨਾਲ 'ਸੈਲਿਬ੍ਰੇਸ਼ਨ ਆਫ਼ ਡੈਮੋਕ੍ਰੇਸੀ' ਵੀ ਮਨਾਇਆ ਗਿਆ। ਸਪੋਰਟਸ ਅਥਾਰਟੀ ਆਫ਼ ਇੰਡੀਆ ਦੇ ਡਿਪਟੀ ਡਾਇਰੈਕਟਰ ਜਨਰਲ ਮਯੰਕ ਸ਼੍ਰੀਵਾਸਤਵ ਨੇ ਦੱਸਿਆ ਕਿ ਫਿਟ ਇੰਡੀਆ ਮੁਹਿੰਮ ਦੀ ਸ਼ੁਰੂਆਤ ਸਾਲ 2019 ਵਿੱਚ ਹੋਈ ਸੀ, ਜਿਸ ਦਾ ਸੁਨੇਹਾ "ਰੋਜ਼ ਅੱਧਾ ਘੰਟਾ ਫਿਟਨੈੱਸ" ਏ। ਅੱਜ ਇਹ ਅੰਦੋਲਨ ਦੇਸ਼ ਭਰ ਵਿੱਚ ਲੱਖਾਂ ਲੋਕਾਂ ਨੂੰ ਜੋੜ ਚੁੱਕਾ ਏ।

--------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 27 ਜਨਵਰੀ ਤੋਂ **ਪੰਜਾਬ ਸਖੀ ਸ਼ਕਤੀ ਮੇਲਾ-2026** ਕਰਵਾਇਆ ਜਾ ਰਿਹਾ ਏ, ਜਿਹੜਾ ਕਿ 29 ਜਨਵਰੀ ਤੱਕ ਜਾਰੀ ਰਹੇਗਾ। ਵਧੀਕ ਡਿਪਟੀ ਕਮਿਸ਼ਨਰ ਨਵਦੀਪ ਕੌਰ ਨੇ ਦੱਸਿਆ ਕਿ ਇਹ ਤਿੰਨ ਦਿਨਾਂ ਮੇਲਾ ਇਹ ਮੇਲਾ ਸਥਾਨਕ ਰੈੱਡ ਕਰਾਸ ਭਵਨ, ਲਾਜਪਤ ਨਗਰ ਵਿਚ ਲਾਇਆ ਜਾਵੇਗਾ। ਇਸ ਮੇਲੇ ਵਿੱਚ ਸਵੈ-

ਸਹਾਇਤਾ ਸਮੂਹਾਂ ਦੀਆਂ ਮੈਂਬਰ ਔਰਤਾਂ ਵੱਲੋਂ ਤਿਆਰ ਕੀਤੇ ਸਾਮਾਨ ਦੇ ਸਟਾਲ ਲਗਾਏ ਜਾਣਗੇ।